# Telephone conversation between PM and President of Indonesia

April 28, 2020

………………………………………………………………………………………..

## ਪ੍ਰਧਾਨ ਮੰਤਰੀ ਅਤੇ ਇੰਡੋਨੇਸ਼ੀਆ ਦੇ ਰਾਸ਼ਟਰਪਤੀ ਵਿਚਾਲੇ ਟੈਲੀਫੋਨ 'ਤੇ ਗੱਲਬਾਤ

28 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਇੰਡੋਨੇਸ਼ੀਆ ਦੇ ਰਾਸ਼ਟਰਪਤੀ ਮਹਾਮਹਿਮ ਜੋਕੋ ਵਿਡੋਡੋ ਨਾਲ ਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਇਸ ਖੇਤਰ ਅਤੇ ਦੁਨੀਆਂ ਵਿੱਚ COVID -19 ਮਹਾਂਮਾਰੀ ਦੇ ਫੈਲਾਅ ਬਾਰੇ ਗੱਲਬਾਤ ਕੀਤੀ।

ਇੰਡੋਨੇਸ਼ੀਆਈ ਰਾਸ਼ਟਰਪਤੀ ਨੇ ਭਾਰਤੀ ਸਰਕਾਰ ਵੱਲੋਂ ਇੰਡੋਨੇਸ਼ੀਆ ਨੂੰ ਦਵਾਈਆਂ ਦੀ ਸਪਲਾਈ ਕਰਨ ਦੇ ਮਾਮਲੇ 'ਚ ਦਿੱਤੀ ਗਈ ਮਦਦ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਉਨ੍ਹਾਂ ਨੂੰ ਯਕੀਨ ਦਿਵਾਇਆ ਕਿ ਭਾਰਤ ਆਪਣੇ ਵੱਲੋਂ ਦੋਨਾਂ ਦੇਸ਼ਾਂ ਦਰਮਿਆਨ ਡਾਕਟਰੀ ਸਮਾਨ ਜਾਂ ਹੋਰ ਚੀਜ਼ਾਂ ਦੀ ਸਪਲਾਈ 'ਚ ਕੋਈ ਵਿਘਨ ਨਾ ਪੈਣ ਦੇਣ ਦੀ ਪੂਰੀ ਕੋਸ਼ਿਸ਼ ਕਰੇਗਾ।

ਦੋਨਾਂ ਆਗੂਆਂ ਨੇ ਇੱਕ ਦੂਜੇ ਦੇ ਦੇਸ਼ਾਂ ਵਿਚ ਰਹਿ ਰਹੇ ਆਪਣੇ ਨਾਗਰਿਕਾਂ ਨਾਲ ਜੁੜੇ ਮੁੱਦਿਆਂ 'ਤੇ ਗੱਲਬਾਤ ਕੀਤੀ ਅਤੇ ਇਸ ਗੱਲ ਉੱਤੇ ਸਹਿਮਤੀ ਪ੍ਰਗਟਾਈ ਕਿ ਉਨ੍ਹਾਂ ਦੀਆਂ ਟੀਮਾਂ ਇਸ ਬਾਰੇ ਵਿਚ ਹਰ ਮੁਮਕਿਨ ਮਦਦ ਨੂੰ ਯਕੀਨੀ ਬਣਾਉਣ ਲਈ ਆਪਸੀ ਸੰਪਰਕ ਵਿਚ ਰਹਿਣਗੀਆਂ।

ਪ੍ਰਧਾਨ ਮੰਤਰੀ ਨੇ ਇਸ ਤੱਥ 'ਤੇ ਜ਼ੋਰ ਦਿੱਤਾ ਕਿ ਇੰਡੋਨੇਸ਼ੀਆ ਭਾਰਤ ਦੇ ਵਿਆਪਕ ਗੁਆਂਢ ਵਿੱਚ ਇੱਕ ਮਹੱਤਵਪੂਰਨ ਸਮੁੰਦਰੀ ਭਾਈਵਾਲ ਹੈ ਅਤੇ ਦੁਵੱਲੇ ਸਬੰਧਾਂ ਦੀ ਮਜ਼ਬੂਤੀ ਦੋਵਾਂ ਦੇਸ਼ਾਂ ਨੂੰ ਇਸ ਮਹਾਂਮਾਰੀ ਦੇ ਪ੍ਰਭਾਵਾਂ ਨਾਲ ਨਜਿੱਠਣ ਵਿੱਚ ਮਦਦ ਦੇਵੇਗੀ।

ਉਨ੍ਹਾਂ ਨੇ ਮਹਾਮਹਿਮ ਰਾਸ਼ਟਰਪਤੀ ਵਿਡੋਡੋ ਅਤੇ ਇੰਡੋਨੇਸ਼ੀਆ ਦੇ ਦੋਸਤਾਨਾ ਲੋਕਾਂ ਨੂੰ ਪਵਿੱਤਰ ਰਮਜ਼ਾਨ ਦੇ ਮਹੀਨੇ ਦੀਆਂ ਵਧਾਈਆਂ ਵੀ ਦਿੱਤੀਆਂ।

ਨਵੀਂ ਦਿੱਲੀ

28 ਅਪ੍ਰੈਲ, 2020

DISCLAIMER: This is an approximate translation. The original is available in English on MEA's website and may be referred to as the official press release.